**ਤੀਨਿ ਛੰਦੇ ਖੇਲੁ ਆਛੈ ॥ ੧॥ ਰਹਾਉ ॥ ਕੁੰਭਾਰ ਕੇ ਘਰ ਹਾਂਡੀ ਆਛੈ ਰਾਜਾ ਕੇ ਘਰ ਸਾਂਡੀ ਗੋ ॥ ਬਾਮਨ ਕੇ ਘਰ ਰਾਂਡੀ ਆਛੈ ਰਾਂਡੀ ਸਾਂਡੀ ਹਾਂਡੀ ਗੋ ॥੧॥ ਬਾਣੀਏ ਕੇ ਘਰ ਹੀਂਗੁ ਆਛੈ ਭੈਸਰ ਮਾਥੈ ਸੀਂਗੁ ਗੋ ॥ ਦੇਵਲ ਮਧੇ ਲੀ ਗੁ ਆਛੈ ਲੀਗੁ ਸੀਗੁ ਹੀਗੁ ਗੋ ॥ ੨॥ ਤੇਲੀ ਕੈ ਘਰ ਤੇਲੁ ਆਛੈ ਜੰਗਲ ਮਧੇ ਬੇਲ ਗੋ ॥ ਮਾਲੀ ਕੇ ਘਰ ਕੇਲ ਆਛੈ ਕੇਲ ਬੇਲ ਤੇਲ ਗੋ ॥੩॥ ਸੰਤਾਂ ਮਧੇ ਗੋਬਿੰਦੁ ਆਛੈ ਗੋਕਲ ਮਧੇ ਸਿਆਮ ਗੋ ॥ ਨਾਮੇ ਮਧੇ ਰਾਮੁ ਆਛੈ ਰਾਮ ਸਿਆਮ ਗੋਬਿੰਦ ਗੋ ॥੪॥੩॥** {ਪੰਨਾ 718}

ਸ੍ਰੀ ਗੁਰੂ ਗ੍ਰੰਥ ਸਾਹਿਬ ਵਿਚ ਦਰਜ ਕੀਤੀ ਹੋਈ ਸਾਰੀ ਬਾਣੀ ਸੰਬੰਧੀ, ਸਤਿਗੁਰੂ ਜੀ ਭਗਤ ਕਬੀਰ ਜੀ ਦੀ ਰਾਹੀਂ ਇਉਂ ਫ਼ੁਰਮਾਂਦੇ ਹਨ:

ਲੋਗੁ ਜਾਨੈ ਇਹੁ ਗੀਤੁ ਹੈ ਇਹੁ ਤਉ ਬ੍ਰਹਮ ਬੀਚਾਰੁ ॥ ਜਿਉ ਕਾਸੀ ਉਪਦੇਸੁ ਹੋਇ ਮਾਨਸ ਮਰਤੀ ਬਾਰ ॥3॥1॥4॥55॥ {ਗਉੜੀ ਕਬੀਰ ਜੀ

ਇਸ ਹੁਕਮ ਦੇ ਅਨੁਸਾਰ ਇਹ ਸ਼ਬਦ ਭੀ 'ਬ੍ਰਹਮ ਬੀਚਾਰ' ਹੈ। ਹਰੇਕ ਸ਼ਬਦ ਦੇ 'ਰਹਾਉ' ਵਾਲੇ ਬੰਦ ਵਿਚ 'ਮੁਖ-ਉਪਦੇਸ਼' ਹੁੰਦਾ ਹੈ, 'ਸ਼ਬਦ ਦਾ ਸਾਰ' ਹੁੰਦਾ ਹੈ; ਬਾਕੀ ਦੇ ਬੰਦ 'ਰਹਾਉ' ਦੇ ਬੰਦ ਦਾ ਵਿਕਾਸ ਹਨ; ਸ਼ਬਦ-ਰੂਪ ਖਿੜੇ ਹੋਏ ਫੁੱਲ ਦੇ ਅੰਦਰ 'ਰਹਾਉ' ਦਾ ਬੰਦ, ਮਾਨੋ, ਮਕਰੰਦ ਹੈ।

ਪਰ ਜਦੋਂ ਅਸੀਂ ਵਿਦਵਾਨਾਂ ਦੇ ਮੂੰਹੋਂ ਸੁਣਦੇ ਹਾਂ, ਤਾਂ ਉਹ ਇਸ 'ਰਹਾਉ' ਦੀ ਤੁਕ ਦਾ ਅਰਥ ਇਉਂ ਕਰਦੇ ਹਨ:-

ਇਸ ਛੰਦ ਵਿਚ ਤਿੰਨਾਂ ਤਿੰਨਾਂ ਹਿੱਸਿਆਂ ਦੇ ਚੰਗੇ ਪ੍ਰਸੰਗਾਂ ਦੇ ਖੇਲ ਇਕੱਠੇ ਕੀਤੇ ਹੋਏ ਹਨ।

ਜਾਂ

ਇਹ ਛੰਦ ਤਿੰਨਾਂ ਪਦਾਂ ਉੱਤੇ ਖੇਲ ਰੂਪ ਹੈ।

ਸਾਰਾ ਸ਼ਬਦ 'ਬ੍ਰਹਮ ਵੀਚਾਰ' ਹੈ, ਸ਼ਬਦ-ਫੁੱਲ ਦਾ ਮਕਰੰਦ ਇਹ ਤੁਕ 'ਤੀਨਿ ਛੰਦੇ ਖੇਲ ਮਾਛੈ' ਹੈ, ਪਰ ਇਸ ਤੁਕ ਦੇ ਉੱਪਰ-ਲਿਖੇ ਅਰਥਾਂ ਵਿਚੋਂ ਗੁਰਮਤਿ-ਉਪਦੇਸ਼ ਦੀ ਸੁਗੰਧੀ ਲੱਭਣੀ ਬਹੁਤ ਕਠਨ ਜਾਪਦੀ ਹੈ।

ਜਿਵੇਂ 'ਸਦੁ' ਉੱਤੇ ਵਿਚਾਰ ਕਰਦਿਆਂ 'ਸਦ-ਸਟੀਕ' ਪੁਸਤਕ ਵਿਚ ਵਿਸਥਾਰ ਨਾਲ ਦੱਸਿਆ ਗਿਆ ਹੈ, ਅਜਿਹੇ ਮੌਕਿਆਂ ਤੇ ਜੇ ਟਾਕਰੇ ਤੇ ਗੁਰਬਾਣੀ ਵਿਚੋਂ ਹੋਰ ਲਫ਼ਜ਼ਾਂ ਦੀ ਸਹਾਇਤਾ ਲਈ ਜਾਏ, ਤਾਂ ਕਈ ਗੁੰਝਲਾਂ ਹੱਲ ਹੋ ਜਾਂਦੀਆਂ ਹਨ। ਲਫ਼ਜ਼ 'ਖੇਲੁ' ਗੁਰੂ ਗ੍ਰੰਥ ਸਾਹਿਬ ਵਿਚ ਕਈ ਵਾਰੀ ਆਇਆ ਹੈ; ਪ੍ਰਮਾਣ ਵਜੋਂ:

ਸੁਪਨੰਤਰੁ ਸੰਸਾਰ ਸਭੁ ਸਭੁ ਬਾਜੀ 'ਖੇਲੁ' ਖਿਲਾਵੈਗੋ ॥ ਲਾਹਾ ਨਾਮੁ ਗੁਰਮਤਿ ਲੈ ਚਾਲਹੁ ਹਰਿ ਦਰਗਹ ਪੈਧਾ ਜਾਵੈਗੋ ॥5॥5॥ {ਕਾਨੜਾ ਮ: 4 ਅਸਟਪਦੀ

ਰਾਮ ਨਾਮੁ ਵਖਰੁ ਹੈ ਊਤਮੁ ਹਰਿ ਨਾਇਕੁ ਪੁਰਖੁ ਹਮਾਰਾ ॥ ਹਰਿ 'ਖੇਲੁ' ਕੀਆ ਹਰਿ ਆਪੇ ਵਰਤੈ ਸਭੁ ਜਗਤੁ ਕੀਆ ਵਣਜਾਰਾ ॥4॥ {ਕਾਨੜੇ ਕੀ ਵਾਰ

ਜੈਸੇ ਹਰਹਟ ਕੀ ਮਾਲਾ ਟਿੰਡ ਲਗਤ ਹੈ ॥ ਇਕ ਸਖਨੀ ਹੋਰ ਫੇਰ ਭਰੀਅਤ ਹੈ ॥ ਤੈਸੋ ਹੀ ਇਹ 'ਖੇਲੁ' ਖਸਮ ਕਾ ਜਿਉ ਉਸ ਕੀ ਵਡਿਆਈ ॥2॥8॥ {ਪ੍ਰਭਾਤੀ ਮ: 1

ਆਪੇ ਭਾਂਤ ਬਣਾਏ ਬਹੁਰੰਗੀ ਸ੍ਰਿਸਟਿ ਉਪਾਈ ਪ੍ਰਭਿ 'ਖੇਲੁ' ਕੀਆ ॥ ਕਰਿ ਕਰਿ ਵੇਖੈ ਕਰੇ ਕਰਾਏ ਸਰਬ ਜੀਆ ਨੋ ਰਿਜਕੁ ਦੀਆ ॥1॥6॥ {ਪ੍ਰਭਾਤੀ ਮ: 3

ਪੀਤ ਬਸਨ ਕੁੰਦ-ਦਸਨ ਪ੍ਰਿਅ ਸਹਿਤ ਕੰਠ ਮਾਲ ਮੁਕਟੁ ਸੀਸਿ ਮੋਰ ਪੰਖ ਚਾਰਿ ਜੀਉ ॥ ਬੇਵਜੀਰ ਬਡੇ ਧੀਰ ਧਰਮ ਅੰਗ ਅਲਖ ਅਗਮ 'ਖੇਲੁ' ਕੀਆ ਆਪਣੈ ਉਛਾਹਿ ਜੀਉ ॥3॥8॥ {ਸਵਈਏ ਮਹਲੇ ਚੌਥੇ ਕੇ, ਗਯੰਦ

ਕੀਆ 'ਖੇਲੁ' ਬਡਮੇਲੁ ਤਮਾਸਾ ॥ ਵਾਹਿ ਗੁਰੂ ਤੇਰੀ ਸਭ ਰਚਨਾ ॥ ਤੂ ਜਲਿ ਥਲਿ ਗਗਨਿ ਪਯਾਲਿ ਪੂਰਿ ਰਹਾ ਅੰਮ੍ਰਿਤ ਤੇ ਮੀਠੇ ਜਾ ਕੇ ਬਚਨਾ ॥3॥13॥42॥ {ਸਵਈਏ ਮਹਲੇ ਚੌਥੇ ਕੇ, ਗਯੰਦ

ਸੋ,

'ਖੇਲੁ' ਦਾ ਅਰਥ ਹੈ 'ਜਗਤ-ਰੂਪ ਤਮਾਸ਼ਾ। ' ਤੀਨਿ ਛੰਦੇ ਖੇਲੁ—ਤ੍ਰਿਛੰਦੇ ਦਾ ਖੇਲ, ਤ੍ਰਿਛੰਦੇ (ਸੰਸਾਰ) ਦਾ ਖੇਲ।

ਨੋਟ:- ਇੱਥੇ 'ਤੀਨ ਛੰਦਾ' ਸਮਾਸੀ ਸ਼ਬਦ ਹੈ, ਭਾਵ, 'ਉਹ ਜਿਸ ਦੇ ਤਿੰਨ ਛੰਦ ਹਨ')। ਛੰਦ—ਇਹ ਲਫ਼ਜ਼ ਸੰਸਕ੍ਰਿਤ ਦਾ ਹੈ। ਇਸ ਦਾ ਅਰਥ ਹੈ 'ਸੁਭਾਉ'।

ਸੋ,

'ਤਿਨਿ ਛੰਦੇ ਖੇਲੁ' ਦਾ ਅਰਥ ਹੈ "ਉਸ (ਸੰਸਾਰ) ਦਾ ਤਮਾਸ਼ਾ, ਜਿਸ ਵਿਚ ਤਿੰਨ ਸੁਭਾਉ ਮਿਲੇ ਹੋਏ ਹਨ, ਜਿਸ ਵਿਚ ਤਿੰਨ ਗੁਣ ਮਿਲੇ ਹੋਏ ਹਨ; ਭਾਵ, ਤ੍ਰਿਗੁਣੀ ਸੰਸਾਰ ਦਾ ਤਮਾਸ਼ਾ"।

'ਰਹਾਉ' ਦੀ ਤੁਕ ਦਾ ਅਰਥ:

(ਪਰਮਾਤਮਾ ਦਾ ਰਚਿਆ ਹੋਇਆ) ਇਹ ਤ੍ਰਿਗੁਣੀ ਸੰਸਾਰ ਦਾ ਤਮਾਸ਼ਾ ਹੈ।

ਜੇ ਇਸ ਅਰਥ ਨੂੰ ਸ਼ਬਦ ਦੇ ਬਾਕੀ ਬੰਦਾਂ ਨਾਲ ਰਲਾ ਕੇ ਪੜ੍ਹੀਏ ਤਾਂ 'ਰਹਾਉ' ਦੀ ਤੁਕ ਦਾ ਭਾਵ ਇਹ ਬਣਦਾ ਹੈ:

ਇਸ ਤ੍ਰਿ-ਗੁਣੀ ਸੰਸਾਰ ਵਿਚ ਅਕਾਲ ਪੁਰਖ ਦਾ ਤਮਾਸ਼ਾ ਹੋ ਰਿਹਾ ਹੈ, ਸਭ ਤ੍ਰੈ-ਗੁਣੀ ਜੀਵ ਆਪੋ ਆਪਣੇ ਸੁਭਾਉ ਅਨੁਸਾਰ ਸਾਧਾਰਨ ਤੌਰ ਤੇ ਪ੍ਰਵਿਰਤ ਹਨ।

ਇਸੇ ਖ਼ਿਆਲ ਦਾ ਵਿਸਥਾਰ ਬਾਕੀ ਦੇ ਸ਼ਬਦ ਵਿਚ ਹੈ—ਰਾਜਿਆਂ ਦੇ ਘਰ ਸਾਂਢਨੀ ਆਦਿਕ ਰਾਜ ਦੇ ਸਾਮਾਨ ਹਨ; ਕੁੰਭਾਰ, ਤੇਲੀ, ਬਾਣੀਆ ਆਦਿਕ ਕਿਰਤੀ ਭਾਂਡੇ, ਤੇਲ, ਹਿੰਙ ਆਦਿਕ ਚੀਜ਼ਾਂ ਦੇ ਵਿਹਾਰ ਵਿਚ ਪ੍ਰਵਿਰਤ ਹਨ; ਪੰਡਿਤ ਲੋਕ ਪੱਤ੍ਰੀ ਆਦਿਕ ਪੁਸਤਕਾਂ ਦੇ ਵਿਚਾਰ ਵਿਚ ਮਸਤ ਹਨ।

ਭਗਤ ਨੂੰ ਤਾਂ ਇਹਨਾਂ ਤ੍ਰਿ-ਗੁਣੀ ਪਦਾਰਥਾਂ ਵਿਚ ਰੁੱਝਣ ਦੀ ਲੋੜ ਨਹੀਂ, ਉਹ ਢੂੰਢਦਾ ਹੈ ਇਸ ਤ੍ਰਿ-ਗੁਣੀ ਖੇਲ ਦੇ ਕਰਤਾਰ ਨੂੰ। ਉਹ ਕਿੱਥੇ ਹੈ?—"ਸੰਤਾਂ ਮਧੇ"।

ਸ਼ਬਦ ਦਾ ਅਰਥ:- (ਪਰਮਾਤਮਾ ਦਾ ਰਚਿਆ ਹੋਇਆ ਇਹ ਜਗਤ) ਤ੍ਰਿ-ਗੁਣੀ ਸੁਭਾਉ ਦਾ ਤਮਾਸ਼ਾ ਹੈ।1। ਰਹਾਉ।

(ਸਾਧਾਰਨ ਤੌਰ ਤੇ) ਘੁਮਿਆਰ ਦੇ ਘਰ ਹਾਂਡੀ (ਹੀ ਮਿਲਦੀ) ਹੈ, ਰਾਜੇ ਦੇ ਘਰ ਸਾਂਢੀ (ਆਦਿਕ ਹੀ) ਹੈ; ਤੇ ਬ੍ਰਾਹਮਣ ਦੇ ਘਰ (ਸਗਨ ਮਹੂਰਤ ਆਦਿਕ ਵਿਚਾਰਨ ਲਈ) ਪੱਤ੍ਰੀ (ਆਦਿਕ ਪੁਸਤਕ ਹੀ ਮਿਲਦੀ) ਹੈ। (ਇਹਨਾਂ ਘਰਾਂ ਵਿਚ) ਪੱਤ੍ਰੀ, ਸਾਂਢਨੀ, ਭਾਂਡੇ (ਹਾਂਡੀ) ਹੀ (ਪ੍ਰਧਾਨ ਹਨ)।1।

ਹਟਵਾਣੀਏ ਦੇ ਘਰ (ਭਾਵ, ਹੱਟੀ ਵਿੱਚ) ਹਿੰਙ (ਆਦਿਕ ਹੀ ਮਿਲਦੀ) ਹੈ, ਭੈਂਸੇ ਦੇ ਮੱਥੇ ਉੱਤੇ (ਉਸ ਦੇ ਸੁਭਾਉ ਅਨੁਸਾਰ) ਸਿੰਗ (ਹੀ) ਹਨ, ਅਤੇ ਦੇਵਾਲੇ (ਦੇਵ-ਅਸਥਾਨ) ਵਿੱਚ ਲਿੰਗ (ਹੀ ਗੱਡਿਆ ਹੋਇਆ ਦਿੱਸਦਾ) ਹੈ। (ਇਹਨੀਂ ਥਾਈਂ) ਹਿੰਙ, ਸਿੰਗ ਅਤੇ ਲਿੰਗ ਹੀ (ਪ੍ਰਧਾਨ ਹਨ)।2।

(ਜੇ) ਤੇਲੀ ਦੇ ਘਰ (ਜਾਉ, ਤਾਂ ਉਥੇ ਅੰਦਰ ਬਾਹਰ) ਤੇਲ (ਹੀ ਤੇਲ ਪਿਆ) ਹੈ, ਜੰਗਲਾਂ ਵਿੱਚ ਵੇਲਾਂ (ਹੀ ਵੇਲਾਂ) ਹਨ ਅਤੇ ਮਾਲੀ ਦੇ ਘਰ ਕੇਲਾ (ਹੀ ਲੱਗਾ ਮਿਲਦਾ) ਹੈ। ਇਹਨੀਂ ਥਾਈਂ ਤੇਲ, ਵੇਲਾਂ ਤੇ ਕੇਲਾ ਹੀ (ਪ੍ਰਧਾਨ ਹਨ)।3।

(ਇਸ ਜਗਤ-ਖੇਲ ਦਾ ਰਚਨਹਾਰ ਕਿੱਥੇ ਹੋਇਆ?)

(ਜਿਵੇਂ) ਗੋਕਲ ਵਿੱਚ ਕ੍ਰਿਸ਼ਨ ਜੀ (ਦੀ ਹੀ ਗੱਲ ਚੱਲ ਰਹੀ) ਹੈ, (ਤਿਵੇਂ ਇਸ ਖੇਲ ਦਾ ਮਾਲਕ) ਗੋਬਿੰਦ ਸੰਤਾਂ ਦੇ

ਹਿਰਦੇ ਵਿੱਚ ਵੱਸ ਰਿਹਾ ਹੈ। (ਉਹੀ) ਰਾਮ ਨਾਮਦੇਵ ਦੇ (ਭੀ) ਅੰਦਰ (ਪ੍ਰਤੱਖ ਵੱਸ ਰਿਹਾ) ਹੈ। (ਜਿਹਨੀਂ ਥਾਈਂ, ਭਾਵ, ਸੰਤਾਂ ਦੇ ਹਿਰਦੇ ਵਿੱਚ, ਗੋਕਲ ਵਿੱਚ ਅਤੇ ਨਾਮਦੇਵ ਦੇ ਅੰਦਰ) ਗੋਬਿੰਦ ਸ਼ਿਆਮ ਅਤੇ ਰਾਮ ਹੀ (ਗੱਜ ਰਿਹਾ) ਹੈ।4।3।